# Dispatch Number (I/19110/2020)

ਦਫਤਰ ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

•ਫ਼ਰੀਦਕੋਟ ਦੇ ਤਿੰਨ ਕਰੋਨਾ ਪਾਜ਼ਟਿਵ ਮਰੀਜ਼ਾਂ ਦੇ ਸੰਪਰਕ ਵਿੱਚ ਆਏ 126 ਲੋਕਾਂ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ

•ਸਾਰੇ 126 ਸੈਂਪਲ ਨੈਗੇਟਿਵ ਆਏ

•ਡਿਪਟੀ ਕਮਿਸ਼ਨਰ ਵੱਲੋਂ ਸਿਹਤ, ਪੁਲਿਸ ਵਿਭਾਗ ਤੇ ਪ੍ਰਸ਼ਾਸਨਿਕ ਅਧਿਕਾਰੀਆਂ, ਕਰਮਚਾਰੀਆਂ ਦੇ ਕੰਮ ਦੀ ਸ਼ਲਾਘਾ

• ਵੱਖ ਵੱਖ ਸੰਸਥਾਵਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਕੀਤਾ

ਫਰੀਦਕੋਟ, 19 ਅਪ੍ਰੈਲ -(  )-

ਫਰੀਦਕੋਟ ਜ਼ਿਲ੍ਹੇ ਵਿੱਚ ਕਰੋਨਾ ਮਹਾਂਮਾਰੀ ਨੂੰ ਅੱਗੇ ਵਧਣ ਜਾਂ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਤੇ ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਭ ਰਾਜ ਨੇ ਸਮੂਹ ਜ਼ਿਲ੍ਹਾ ਵਾਸੀਆਂ ਦਾ ਧੰਨਵਾਦ ਕੀਤਾ ਹੈ ।ਉਨ੍ਹਾਂ ਇਸ ਮੁਹਿੰਮ ਵਿੱਚ ਲੱਗੇ ਸਿਹਤ ਵਿਭਾਗ ,ਪੁਲੀਸ ਵਿਭਾਗ ,ਸਿਵਲ ਪ੍ਰਸ਼ਾਸਨ  ਦੇ ਅਧਿਕਾਰੀਆਂ , ਕਰਮਚਾਰੀਆਂ ਅਤੇ ਵੱਖ -ਵੱਖ ਸਵੈ ਸੇਵੀ ਸੰਸਥਾਵਾਂ ਦਾ ਵੀ ਧੰਨਵਾਦ ਕੀਤਾ ਹੈ ਜੋ ਇਸ ਮੁਸ਼ਕਿਲ ਦੀ ਘੜੀ ਵਿੱਚ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ ।

ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਭ ਰਾਜ ਨੇ ਕਿਹਾ ਕਿ ਇਹ ਖੁਸ਼ੀ ਵਾਲੀ ਗੱਲ ਹੈ ਕਿ ਫ਼ਰੀਦਕੋਟ ਜ਼ਿਲ੍ਹੇ ਵਿੱਚ ਕਰੋਨਾ ਪਾਜਟਿਵ ਤਿੰਨ ਮਰੀਜ਼ਾਂ ਵਿੱਚੋਂ ਇੱਕ ਮਰੀਜ਼ ਨੂੰ ਕੱਲ੍ਹ ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੋਂ ਸਿਹਤਯਾਬ ਹੋਣ ਮਗਰੋਂ ਛੁੱਟੀ ਦਿੱਤੀ ਗਈ ਹੈ ,ਜਦਕਿ ਦੂਜੇ ਦੋਵਾਂ ਦੀ ਹਾਲਤ ਵਿੱਚ ਵੀ ਲਗਾਤਾਰ ਸੁਧਾਰ ਹੋ ਰਿਹਾ ਹੈ ।

ਉਨ੍ਹਾਂ ਇਸ ਗੱਲ ਤੇ ਵੀ ਤਸੱਲੀ ਪ੍ਰਗਟ ਕੀਤੀ ਕਿ ਉਪਰੋਕਤ ਤਿੰਨਾਂ ਮਰੀਜ਼ਾਂ ਦੇ ਕੰਟੈਕਟ  ਵਿਚ ਆਏ ਲੋਕਾਂ ਦੇ ਲਏ ਗਏ ਸਾਰੇ ਹੀ ਸੈਂਪਲਾਂ ਦੇ ਰਿਜ਼ਲਟ ਅੱਜ ਆ ਚੁੱਕੇ ਹਨ ਅਤੇ ਇਹ ਸਾਰੇ ਹੀ ਨੈਗਟਿਵ ਹਨ ।ਫਰੀਦਕੋਟ ਜ਼ਿਲ੍ਹੇ ਵਿੱਚ ਕਰੋਨਾ ਮਹਾਂਮਾਰੀ ਨੂੰ ਅੱਗੇ ਵਧਣ ਜਾਂ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਤੇ ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਵ ਰਾਜ ਨੇ ਸਮੂਹ ਜ਼ਿਲ੍ਹਾ ਵਾਸੀਆਂ ਦਾ ਧੰਨਵਾਦ ਕੀਤਾ ਹੈ।

ਸਿਵਲ ਸਰਜਨ ਫ਼ਰੀਦਕੋਟ ਡਾ ਰਾਜਿੰਦਰ ਕੁਮਾਰ ਨੇ ਇਸ ਮੌਕੇ ਦੱਸਿਆ ਕਿ ਫਰੀਦਕੋਟ ਨਾਲ ਸਬੰਧਤ ਤਿੰਨੇ ਕਰੋਨਾ ਪਾਜਟਿਵ ਮਰੀਜ਼ਾਂ ਦੇ 126 ਕੁੱਲ ਸੰਪਰਕ ਵਿੱਚ ਆਏ ਲੋਕਾਂ ਦੇ ਸੈਂਪਲ ਇਕੱਤਰ ਕੀਤੇ ਗਏ ਸਨ ਅਤੇ ਇਨ੍ਹਾਂ ਸਾਰੇ ਸੈਂਪਲਾਂ ਦੇ ਰਿਜ਼ਲਟ ਆ ਚੁੱਕੇ ਹਨ ਜੋ ਕਿ ਸਾਰੇ ਹੀ ਨੈਗਟਿਵ ਹਨ ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮਰੀਜ਼ਾਂ ਦੇ ਸੰਪਰਕ ਵਿੱਚ ਆਏ  128 ਲੋਕਾਂ ਨੂੰ ਹੋਮ ਕੁਆਰਨਟਾਈਨ ਕੀਤਾ ਗਿਆ ਸੀ ,ਜਿਨ੍ਹਾਂ ਵਿੱਚੋਂ  43 ਨੇ ਆਪਣਾ ਇਕਾਂਤਵਾਸ ਪੂਰਾ ਕਰ ਲਿਆ ਹੈ ।ਉਨ੍ਹਾਂ ਕਿਹਾ ਕਿ ਉਪਰੋਕਤ ਸਾਰੇ ਸੈਂਪਲਾਂ ਦੀਆਂ ਆਈਆਂ ਨੈਗੇਟਿਵ ਰਿਪੋਰਟਾਂ ਸਮੁੱਚੇ ਜ਼ਿਲ੍ਹਾ ਵਾਸੀਆਂ ਲਈ ਸਕੂਨ ਦੇਣ ਵਾਲੀਆਂ ਹਨ ।ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਦੋਵੇਂ ਕਰੋਨਾ ਪੀੜਤ ਮਰੀਜ਼ਾਂ ਦੀ ਹਾਲਤ ਵਿੱਚ ਲਗਾਤਾਰ ਸੁਧਾਰ ਹੋ ਰਿਹਾ ਹੈ ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਰਫਿਊ ਦੌਰਾਨ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਸਮਾਜਕ ਦੂਰੀ ਬਣਾਉਂਦਿਆਂ ਹੋਇਆਂ ਆਪਣੇ ਘਰਾਂ ਵਿੱਚ ਹੀ ਰਹਿਣ ਤਾਂ ਜੋ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕੇ ।

Dispatch No. (I/19117/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫ਼ਰੀਦਕੋਟ

ਕਿਸਾਨਾਂ ਨੂੰ ਸਬਜ਼ੀ ਦੀ ਫ਼ਸਲ ਮੰਡੀ ਲਿਆਉਣ, ਵੇਚਣ ਲਈ ਵਹੀਕਲਾਂ ਸਮੇਤ ਕਰਫਿਊ ਤੋਂ ਛੋਟ

ਫ਼ਰੀਦਕੋਟ,19 ਅਪ੍ਰੈਲ () ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਕਰਫ਼ਿਊ ਦੌਰਾਨ ਜ਼ਿਲ੍ਹੇ ਦੇ ਸਬਜ਼ੀ ਉਤਪਾਦਕਾਂ  ਕਿਸਾਨਾਂ ਲਈ ਆਪਣੀ ਸਬਜ਼ੀ ਦੀ ਫਸਲ ਮੰਡੀ ਲਿਆਉਣ .ਵੇਚਣ ਲਈ ਵਹੀਕਲਾਂ ਸਮੇਤ ਕਰਫਿਊ ਤੋਂ ਛੋਟ ਦਿੱਤੀ ਹੈ।

ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਫ਼ਰੀਦਕੋਟ ਵਿੱਚ ਕਈ ਕਿਸਾਨਾਂ ਨੇ ਜ਼ਮੀਨ ਠੇਕੇ ਤੇ ਲੈ ਕੇ ਸਬਜ਼ੀ ਦੀ ਕਾਸ਼ਤ ਕੀਤੀ ਹੈ ਅਤੇ ਕਰਫਿਊ ਦੌਰਾਨ ਕਿਸਾਨਾਂ /ਸਬਜ਼ੀ ਉਤਪਾਦਕਾਂ ਨੂੰ ਆਪਣੀ ਫਸਲ ਮੰਡੀ ਵਿਖੇ ਲਿਆਉਣ ਲਈ ਰੋਕਿਆਂ  ਜਾਂਦਾ ਹੈ ,ਜਿਸ ਕਾਰਨ ਉਨ੍ਹਾਂ ਦੀ ਫਸਲ ਖਰਾਬ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਉਕਤ ਹਾਲਾਤਾਂ ਅਤੇ ਆਮ ਲੋਕਾਂ ਨੂੰ ਜ਼ਰੂਰੀ ਵਸਤਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਜ਼ਿਲ੍ਹਾ ਫ਼ਰੀਦਕੋਟ ਅੰਦਰ ਕਿਸਾਨਾਂ ਨੂੰ ਵੱਖ ਵੱਖ ਏਰੀਏ ਵਿੱਚ ਸਬਜ਼ੀ ਵੇਚਣ ਜਾ ਸਬਜ਼ੀ ਮੰਡੀ ਵਿਖੇ ਲਿਆਉਣ ਵਾਸਤੇ ਵਹੀਕਲਾਂ ਨੂੰ ਕਰਫਿਊ ਦੌਰਾਨ ਛੋਟ ਦਿੱਤੀ ਹੈ।ਅਜਿਹਾ ਕਰਦੇ ਸਮੇਂ ਕੋਵਿਡ-19 ਸਬੰਧੀ ਭਾਰਤ ਸਰਕਾਰ /ਪੰਜਾਬ ਸਰਕਾਰ ਅਤੇ ਇਸ ਦਫ਼ਤਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣ ਅਤੇ ਸਬਜ਼ੀ ਵੇਚਣ ਸਮੇਂ ਸਮਾਜਿਕ  ਦੂਰੀ ਬਣਾਈ ਰੱਖਣ ਦੇ ਵੀ ਆਦੇਸ਼ ਦਿੱਤੇ ਗਏ ਹਨ।ਇਨ੍ਹਾਂ ਹੁਕਮਾਂ ਤੇ ਕੁਤਾਹੀ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

Dispatch No. (I/19119/2020)

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 41933 ਮੀਟਰਕ ਟਨ ਕਣਕ ਦੀ ਖਰੀਦ ਹੋਈ

ਕਿਸਾਨਾਂ ਨੂੰ 21 ਅਪ੍ਰੈਲ ਤੱਕ ਲਈ 17 ਹਜ਼ਾਰ ਤੋਂ ਵੱਧ ਪਾਸ ਜਾਰੀ ਕੀਤੇ ਗਏ

ਫਰੀਦਕੋਟ 19 ਅਪ੍ਰੈਲ ( ) ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ 15 ਅਪ੍ਰੈਲ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਫਰੀਦਕੋਟ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਦੀ ਆਮਦ ਕਿਸਾਨਾਂ ਨੂੰ ਦਿੱਤੇ ਗਏ ਪਾਸਾਂ ਅਨੁਸਾਰ ਜਾਰੀ ਹੈ ਅਤੇ ਮੰਡੀ ਬੋਰਡ ਵੱਲੋਂ ਕੋਵਿਡ-19 ਮਹਾਂਮਾਰੀ ਤੋਂ ਬਚਾਅ ਅਤੇ ਇਸ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਮੰਡੀਆਂ ਵਿੱਚ ਵਿਸ਼ੇਸ਼ ਇੰਤਜਾਮ ਕੀਤੇ ਗਏ ਹਨ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਉਨਾਂ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਣਕ ਦੀ ਫਸਲ ਲਿਆਉਣ ਲਈ ਮੰਡੀ ਬੋਰਡ ਵੱਲੋਂ ਆੜਤੀਆਂ ਰਾਹੀਂ ਕਿਸਾਨਾਂ ਨੂੰ ਪਾਸ ਜਾਰੀ ਕੀਤੇ ਜਾ ਰਹੇ ਹਨ ਅਤੇ ਮੰਡੀਆਂ ਵਿੱਚ ਕਿਸਾਨਾਂ ਦੇ ਹੱਥ ਧੋਣ, ਫਸਲ ਲਿਆਉਣ, ਸਫਾਈ, ਵੇਚਣ ਤੋਂ ਇਲਾਵਾ ਛਾਂ ਅਤੇ ਰੋਸ਼ਨੀ ਦੇ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕਿਸਾਨ, ਆੜਤੀਆਂ, ਲੇਬਰ ਅਤੇ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਸਮਾਜਿਕ ਦੂਰੀ ਬਣਾਈ ਰੱਖਣ ਦੇ ਵੀ ਵਿਸ਼ੇਸ਼ ਆਦੇਸ਼ ਜਾਰੀ ਕੀਤੇ ਗਏ ਹਨ, ਜਦਕਿ ਮੰਡੀਆਂ ਵਿੱਚ ਹਾਜ਼ਰ ਹਰੇਕ ਕਿਸਾਨ, ਆੜਤੀ, ਲੇਬਰ ਆਦਿ ਲਈ ਮਾਸਕ ਪਹਿਨਣਾ ਲਾਜ਼ਮੀ ਕੀਤਾ ਗਿਆ ਹੈ। ਉਨਾਂ ਕਿਹਾ ਕਿ ਕਰੋਨਾ ਮਹਾਂਮਾਰੀ ਤੋਂ ਬਚਾਅ ਲਈ ਮੰਡੀਆਂ ਵਿੱਚ ਸਿਰਫ ਉਨਾਂ ਕਿਸਾਨਾਂ ਦੀ ਹੀ ਐਂਟਰੀ ਹੁੰਦੀ ਹੈ ਜਿੰਨਾਂ ਨੂੰ ਮੰਡੀ ਬੋਰਡ ਜਾਂ ਆੜਤੀ ਵੱਲੋਂ ਪਾਸ ਜਾਰੀ ਕੀਤੇ ਗਏ ਹਨ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਹੀ ਕਿਸਾਨ ਮੰਡੀ ਵਿੱਚ ਆਉਣ ਜਿੰਨਾਂ ਕੋਲ ਆੜਤੀ ਜਾਂ ਮੰਡੀ ਬੋਰਡ ਵੱਲੋਂ ਜਾਰੀ ਪਾਸ ਹੋਣ।

ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 51652 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 41933 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਕੱਲ ਸ਼ਾਮ ਤੱਕ ਜਿਲੇ ਵਿੱਚ ਕੁੱਲ 2900 ਦੇ ਕਰੀਬ ਕਿਸਾਨ ਕੂਪਨ ਰਾਹੀਂ ਆਪਣੀ ਫਸਲ ਲਿਆਏ ਸਨ, ਜਿਸ ਦੀ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 13003 ਮੀਟਰਕ ਟਨ, ਮਾਰਕਫੈੱਡ ਵੱਲੋਂ 12293 ਮੀਟਰਕ ਟਨ,ਪਨਸਪ ਵੱਲੋਂ 9565 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 5060 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 2012 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਜਿਲਾ ਡਿਪਟੀ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਮਿਤੀ 19 ਅਪ੍ਰੈਲ ਲਈ ਕਿਸਾਨਾ ਵਾਸਤੇ 2815 ਅਤੇ ਮਿਤੀ 20 ਅਪ੍ਰੈਲ ਲਈ 2945 ਅਤੇ 21 ਅਪ੍ਰੈਲ ਲਈ ਜ਼ਿਲ੍ਹੇ ਦੇ ਕਿਸਾਨਾਂ ਨੂੰ 3370 ਪਾਸ ਜਾਰੀ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਇਹ ਪਾਸ ਦੋ ਦਿਨ

ਪਹਿਲਾਂ ਤੋਂ ਹੀ ਆੜਤੀਆਂ ਰਾਹੀਂ ਪਹੁੰਚਾ ਦਿੱਤੇ ਜਾਂਦੇ ਹਨ। ਉਨਾਂ ਕਿਹਾ ਕਿ ਕਿਸਾਨ ਮੰਡੀ ਵਿੱਚ ਸੁੱਕੀ ਕਣਕ ਹੀ ਲੈ ਕੇ ਆਉਣ ਅਤੇ ਆਪਣੇ ਪਾਸ ਸਮੇਤ ਆਉਣ। ਉਨਾਂ ਕਿਸਾਨਾਂ, ਆੜਤੀਆਂ, ਲੇਬਰ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਮਾਸਕ ਪਾ ਕੇ ਰੱਖਣ ਦੀ ਅਪੀਲ ਕੀਤੀ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਡੀ.ਆਈ.ਜੀ. ਅਤੇ ਡਿਪਟੀ ਕਮਿਸ਼ਨਰ ਸਿਹਤ ਵਿਭਾਗ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਦਾ ਮਨੋਬਲ ਵਧਾਉਣ ਲਈ ਪਹੁੰਚੇ ਪੁਲਿਸ ਲਾਈਨ

ਫਰੀਦਕੋਟ 19 ਅਪ੍ਰੈਲ ( ) ਫਿਰੋਜ਼ਪੁਰ ਰੇਂਜ ਡੀ.ਆਈ.ਜੀ. ਸ੍ਰੀ ਹਰਦਿਆਲ ਸਿੰਘ ਮਾਨ ਆਈ.ਪੀ.ਐਸ. ਅਤੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਬੀਤੀ ਰਾਤ ਪੁਲਿਸ ਲਾਈਨ ਵਿਖੇ ਸਿਹਤ ਵਿਭਾਗ, ਪੁਲਿਸ ਵਿਭਾਗ , ਸਿਵਲ ਪ੍ਰਸ਼ਾਸਨ ਦੇ ਕਰੋਨਾ (ਕੋਵਿਡ-19) ਮਹਾਂਮਾਰੀ ਵਿੱਚ ਦਿਨ ਰਾਤ ਆਪਣੀ ਡਿਊਟੀ ਨਿਭਾ ਰਹੇ ਡਾਕਟਰਾਂ, ਪੁਲਿਸ ਅਧਿਕਾਰੀਆਂ/ਜਵਾਨਾਂ , ਪੈਰਾ ਮੈਡੀਕਲ ਸਟਾਫ ਦੀ ਹੌਂਸਲਾ ਅਫਜਾਈ  ਲਈ ਵਿਸ਼ੇਸ਼ ਤੌਰ ਤੇ ਪੁੱਜੇ।ਇਸ ਤੋਂ ਪਹਿਲਾਂ ਲੁਧਿਆਣਾ ਦੇ ਏ.ਸੀ.ਪੀ. ਸ੍ਰੀ ਅਨਿਲ ਕੋਹਲੀ ਦੇ ਕਰੋਨਾ ਮਹਾਂਮਾਰੀ ਕਾਰਨ ਹੋਏ ਦਿਹਾਤ ਤੇ ਵਿਛੜੀ ਆਤਮਾ ਨੂੰ ਸ਼ਾਂਤੀ ਦੇਣ ਲਈ ਮੋਨ ਵਰਤ ਰੱਖਿਆ ਗਿਆ।

ਇਸ ਮੌਕੇ ਡੀ.ਆਈ.ਜੀ. ਸ੍ਰੀ ਹਰਦਿਆਲ ਸਿੰਘ ਮਾਨ ਅਤੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਸਿਹਤ ਵਿਭਾਗ , ਪੁਲੀਸ ਵਿਭਾਗ, ਸਿਵਲ ਪ੍ਰਸਾਸਨ ਦੀ ਤਾਰੀਫ ਕੀਤੀ  ਜੋ ਕਿ ਦਿਨ ਰਾਤ ਪਹਿਲੀ ਕਤਾਰ ਵਿੱਚ ਖੜ੍ਹ ਕੇ ਆਪਣੀ ਡਿਊਟੀ ਨਿਭਾ ਰਹੇ ਹਨ  । ਉਨ੍ਹਾਂ ਕਿਹਾ ਕਿ ਪੁਲਿਸ ਵਿਭਾਗ ਨਾ ਸਿਰਫ ਲੋਕਾਂ ਦੀ ਸੁਰੱਖਿਆ ਕਰ ਰਿਹਾ ਹੈ ਬਲਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਲੋਕਾਂ ਨੂੰ ਲੰਗਰ, ਦਵਾਈਆਂ ਦੇਣ ਦੇ ਵਿੱਚ ਕੰਮ ਕਰ ਰਿਹਾ ਹੈ । ਜਿਸ ਲਈ ਜਿਲ੍ਹਾ ਵਾਸੀ ਉਨ੍ਹਾਂ ਦੇ ਸਦਾ ਰਿਣੀ ਰਹਿਣਗੇ।ਇਸ ਮੌਕੇ ਐਸ.ਐਸ.ਪੀ. ਸ: ਮਨਜੀਤ ਸਿੰਘ ਢੇਸੀ ਅਤੇ ਸਿਵਲ ਸਰਜਨ ਡਾ:ਰਜਿੰਦਰ ਕੁਮਾਰ ਨੇ ਡੀ.ਆਈ.ਜੀ. ਸ: ਮਾਨ , ਡਿਪਟੀ ਕਮਿਸ਼ਨਰ  ਦਾ ਪੁਲਿਸ ਅਧਿਕਾਰੀਆਂ ਅਤੇ ਸਿਹਤ ਕਰਮਚਾਰੀਆਂ ਦੀ ਇਸ ਹੌਂਸਲਾ ਅਫਜਾਈ ਲਈ ਤਹਿ ਦਿਲੋ ਧੰਨਵਾਦ ਕੀਤਾ।

--